ਗਉੜੀ ਮਾਝ ਮਹਲਾ ੪ ॥ ਮੇਰਾ ਬਿਰਹੀ ਨਾਮੁ ਮਿਲੈ ਤਾ ਜੀਵਾ ਜੀਉ ॥ ਮਨ ਅੰਦਰਿ ਅੰਮ੍ਰਿਤੁ ਗੁਰਮਤਿ ਹਰਿ ਲੀਵਾ ਜੀਉ ॥ ਮਨੁ ਹਰਿ ਰੰਗਿ ਰਤੜਾ ਹਰਿ ਰਸੁ ਸਦਾ ਪੀਵਾ ਜੀਉ ॥ ਹਰਿ ਪਾਇਅੜਾ ਮਨਿ ਜੀਵਾ ਜੀਉ ॥੧॥ ਮੇਰੈ ਮਨਿ ਤਨਿ ਪ੍ਰੇਮੁ ਲਗਾ ਹਰਿ ਬਾਣੁ ਜੀਉ ॥ ਮੇਰਾ ਪ੍ਰੀਤਮੁ ਮਿਤ੍ਰੁ ਹਰਿ ਪੁਰਖੁ ਸੁਜਾਣੁ ਜੀਉ ॥ ਗੁਰੁ ਮੇਲੇ ਸੰਤ ਹਰਿ ਸੁਘੜੁ ਸੁਜਾਣੁ ਜੀਉ ॥ ਹਉ ਨਾਮ ਵਿਟਹੁ ਕੁਰਬਾਣੁ ਜੀਉ ॥੨॥ ਹਉ ਹਰਿ ਹਰਿ ਸਜਣੁ ਹਰਿ ਮੀਤੁ ਦਸਾਈ ਜੀਉ ॥ ਹਰਿ ਦਸਹੁ ਸੰਤਹੁ ਜੀ ਹਰਿ ਖੋਜੁ ਪਵਾਈ ਜੀਉ ॥ ਸਤਿਗੁਰੁ ਤੁਠੜਾ ਦਸੇ ਹਰਿ ਪਾਈ ਜੀਉ ॥ ਹਰਿ ਨਾਮੇ ਨਾਮਿ ਸਮਾਈ ਜੀਉ ॥੩॥ ਮੈ ਵੇਦਨ ਪ੍ਰੇਮੁ ਹਰਿ ਬਿਰਹੁ ਲਗਾਈ ਜੀ ਉ ॥ ਗੁਰ ਸਰਧਾ ਪੂਰਿ ਅੰਮ੍ਰਿਤੁ ਮੁਖਿ ਪਾਈ ਜੀਉ ॥ ਹਰਿ ਹੋਹੁ ਦਇਆਲੁ ਹਰਿ ਨਾਮੁ ਧਿਆਈ ਜੀਉ ॥ ਜਨ ਨਾਨਕ ਹਰਿ ਰਸੁ ਪਾਈ ਜੀਉ ॥੪॥੬॥੨੦॥੧੮॥੩੨॥੭੦॥ {ਪੰਨਾ 175}

ਪਦਅਰਥ:- ਬਿਰਹੀ—ਵਿੱਛੁੜਿਆ ਹੋਇਆ ਪਿਆਰਾ (ਨਾਮ)। ਤਾ—ਤਦੋਂ। ਜੀਵਾ—ਜੀਵਾਂ, ਮੈਂ ਜੀਊ ਪੈਂਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਲੀਵਾ—ਲਵਾਂ, ਲੈਂਦਾ ਹਾਂ। ਰੰਗਿ—ਰੰਗ ਵਿਚ। ਮਨਿ—ਮਨ ਵਿਚ।1।

ਬਾਣੁ—ਤੀਰ। ਸੁਜਾਣੁ—ਸਿਆਣਾ। ਮੇਲੇ ਸੰਤ ਹਰਿ—(ਗੁਰੂ) ਸੰਤ-ਹਰਿ ਨੂੰ ਮਿਲਾ ਦੇਂਦਾ ਹੈ। ਵਿਟਹੁ—ਤੋਂ।2।

ਹਉ—ਮੈਂ। ਦਸਾਈ—ਦਸਾਈਂ, ਮੈਂ ਪੁੱਛਦਾ ਹਾਂ। ਖੋਜੁ—ਭਾਲ। ਪਵਾਈ—ਮੈਂ ਪਵਾਂਦਾ ਹਾਂ। ਤੁਠੜਾ—ਪ੍ਰਸੰਨ ਹੋਇਆ ਹੋਇਆ। ਪਾਈ—ਪਾਈਂ, ਮੈਂ ਲੱਭ ਲੈਂਦਾ ਹਾਂ। ਨਾਮੇ ਨਾਮਿ—ਨਾਮ ਵਿਚ ਹੀ ਨਾਮ ਵਿਚ ਹੀ।3।

ਵੇਦਨ—(ਵਿਛੋੜੇ ਦੀ) ਦਰਦ। ਬਿਰਹੁ—ਮਿਲਣ ਦੀ ਸਿੱਕ। ਗੁਰੂ—ਹੇ ਗੁਰੂ! ਪੂਰਿ—ਪੂਰੀ ਕਰ। ਮੁਖਿ—ਮੂੰਹ ਵਿਚ। ਪਾਈ—ਪਾਈਂ, ਮੈਂ ਪਾਵਾਂ। ਹਰਿ—ਹੇ ਹਰੀ!।4।

ਅਰਥ:- ਮੈਂ ਤਦੋਂ ਹੀ ਆਤਮਕ ਜੀਵਨ ਪ੍ਰਾਪਤ ਕਰ ਸਕਦਾ ਹਾਂ ਜਦੋਂ ਮੈਨੂੰ (ਮੈਥੋਂ) ਵਿੱਛੁੜਿਆ ਹੋਇਆ ਮੇਰਾ ਹਰਿ-ਨਾਮ (ਮਿੱਤਰ) ਮਿਲ ਪਏ। ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਮੇਰੇ) ਮਨ ਵਿਚ ਹੀ (ਵੱਸਦਾ ਹੈ, ਪਰ) ਉਹ ਹਰਿ-ਨਾਮ-ਅੰਮ੍ਰਿਤ ਗੁਰੂ ਦੀ ਮਤਿ ਦੀ ਰਾਹੀਂ ਹੀ ਮੈਂ ਲੈ ਸਕਦਾ ਹਾਂ। (ਜੇ ਮੇਰਾ) ਮਨ (ਗੁਰੂ ਦੀ ਮਿਹਰ ਨਾਲ) ਪਰਮਾਤਮਾ ਦੇ (ਪ੍ਰੇਮ-) ਰੰਗ ਵਿਚ ਰੰਗਿਆ ਜਾਏ, ਤਾਂ ਮੈਂ ਸਦਾ ਹਰਿ-ਨਾਮ ਦਾ ਰਸ ਪੀਂਦਾ ਰਹਾਂ। ਜਦੋਂ (ਗੁਰੂ ਦੀ ਕਿਰਪਾ ਨਾਲ ਮੈਨੂੰ) ਹਰੀ ਮਿਲ ਪਏ ਤਾਂ ਮੈਂ ਆਪਣੇ ਮਨ ਵਿਚ ਜੀਊ ਪੈਂਦਾ ਹਾਂ।2।

(ਹੇ ਭਾਈ!) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਪ੍ਰੇਮ-ਤੀਰ ਵਿੱਝਾ ਹੋਇਆ ਹੈ (ਮੈਨੂੰ ਯਕੀਨ ਬਣ ਚੁਕਾ ਹੈ ਕਿ) ਸੁਜਾਨ ਹਰੀ ਪੁਰਖ ਹੀ ਮੇਰਾ ਪ੍ਰੀਤਮ ਹੈ ਮੇਰਾ ਮਿੱਤਰ ਹੈ। ਗੁਰੂ ਹੀ ਉਸ ਸੰਤ ਸੁਜਾਨ ਸੁਘੜ ਹਰੀ ਨਾਲ ਮਿਲਾਂਦਾ ਹੈ, ਤੇ ਤਦੋਂ ਮੈਂ ਹਰਿ-ਨਾਮ ਤੋਂ ਸਦਕੇ ਜਾਂਦਾ ਹਾਂ।2।

ਹੇ ਸੰਤ ਜਨੋ! ਮੈਂ (ਤੁਹਾਥੋਂ) ਹਰਿ-ਸੱਜਣ ਹਰਿ-ਮਿੱਤਰ (ਦਾ ਪਤਾ) ਪੁੱਛਦਾ ਹਾਂ। ਹੇ ਸੰਤ ਜਨੋ! (ਮੈਨੂੰ ਉਸ ਦਾ ਪਤਾ) ਦੱਸੋ, ਮੈਂ ਉਸ ਹਰੀ-ਸੱਜਣ ਦੀ ਭਾਲ ਕਰਦਾ ਫਿਰਦਾ ਹਾਂ।

ਹੇ ਸੰਤ ਜਨੋ! ਮੈਂ ਤਦੋਂ ਹੀ ਹਰਿ-ਮਿੱਤਰ ਨੂੰ ਮਿਲ ਸਕਦਾ ਹਾਂ ਜਦੋਂ ਪ੍ਰਸੰਨ ਹੋਇਆ ਸਤਿਗੁਰੂ (ਉਸ ਦਾ ਪਤਾ) ਦੱਸੇ, ਤਦੋਂ ਹੀ ਮੈਂ ਸਦਾ ਉਸ ਹਰੀ ਦੇ ਨਾਮ ਵਿਚ ਲੀਨ ਹੋ ਸਕਦਾ ਹਾਂ।3।

ਹੇ ਸਤਿਗੁਰੂ! ਮੇਰੇ ਅੰਦਰ ਪ੍ਰਭੂ ਤੋਂ ਵਿਛੋੜੇ ਦੀ ਪੀੜ ਉੱਠ ਰਹੀ ਹੈ, ਮੇਰੇ ਅੰਦਰ ਪ੍ਰਭੂ ਦਾ ਪ੍ਰੇਮ ਜਾਗ ਪਿਆ ਹੈ, ਮੇਰੇ ਅੰਦਰ ਹਰੀ ਦੇ ਮਿਲਣ ਦੀ ਸਿੱਕ ਪੈਦਾ ਹੋ ਰਹੀ ਹੈ। ਹੇ ਗੁਰੂ! ਮੇਰੀ ਸਰਧਾ ਪੂਰੀ ਕਰ (ਤਾ ਕਿ) ਮੈਂ ਉਸ ਦਾ ਨਾਮ-

ਅੰਮ੍ਰਿਤ (ਆਪਣੇ) ਮੂੰਹ ਵਿਚ ਪਾਵਾਂ। ਹੇ ਦਾਸ ਨਾਨਕ! (ਆਖ—) ਹੇ ਹਰੀ! ਮੇਰੇ ਉਤੇ ਦਿਆਲ ਹੋ, ਮੈਂ ਤੇਰਾ ਹਰਿ-ਨਾਮ ਧਿਆਵਾਂ, ਤੇ ਮੈਂ ਤੇਰਾ ਹਰਿ-ਨਾਮ-ਰਸ ਪ੍ਰਾਪਤ ਕਰਾਂ।4।6। 20।18। 32। 70।

ਨੋਟ:
ਗਉੜੀ ਮਾਝ ਮ:4 — 6 ਸ਼ਬਦ
ਗਉੜੀ ਮ: 1 — 20 ਸ਼ਬਦ
ਗਉੜੀ ਮ: 3 — 18 ਸ਼ਬਦ
ਗਉੜੀ ਪੂਰਬੀ ਮ: 4 — 12 ਸ਼ਬਦ
ਗਉੜੀ ਗੁਆਰੇਰੀ ਮ: 4 —6 ਸ਼ਬਦ
ਗਉੜੀ ਗੁਆਰੇਰੀ ਮ: 4 —8 ਸ਼ਬਦ
ਗਉੜੀ ਮਾਝ ਮ: 4 — 6 ਸ਼ਬਦ
ਕੁੱਲ ਜੋੜ — 70